ੴ ਸਤਿਗੁਰ ਪ੍ਰਸਾਦਿ ॥ ਰਾਗੁ ਬਿਲਾਵਲੁ ਮਹਲਾ ੪ ਪੜਤਾਲ ਘਰੁ ੧੩ ॥ ਬੋਲਹੁ ਭਈਆ ਰਾਮ ਨਾਮੁ ਪਤਿਤ ਪਾਵਨੋ ॥ ਹਰਿ ਸੰਤ ਭਗਤ ਤਾਰਨੋ ॥ ਹਰਿ ਭਰਿਪੁਰੇ ਰਹਿਆ ॥ ਜਲਿ ਥਲੇ ਰਾਮ ਨਾਮੁ ॥ ਨਿਤ ਗਾਈਐ ਹਰਿ ਦੂਖ ਬਿਸਾਰਨੋ ॥ ੧॥ ਰਹਾਉ ॥ ਹਰਿ ਕੀਆ ਹੈ ਸਫਲ ਜਨਮੁ ਹਮਾਰਾ ॥ ਹਰਿ ਜਪਿਆ ਹਰਿ ਦੂਖ ਬਿਸਾਰਨਹਾਰਾ ॥ ਗੁਰੁ ਭੇਟਿਆ ਹੈ ਮੁਕਤਿ ਦਾਤਾ ॥ ਹਰਿ ਕੀਈ ਹਮਾਰੀ ਸਫਲ ਜਾਤਾ ॥ ਮਿਲਿ ਸੰਗ ਤੀ ਗੁਨ ਗਾਵਨੋ ॥ ੧॥ ਮਨ ਰਾਮ ਨਾਮ ਕਰਿ ਆਸਾ ॥ ਭਾਉ ਦੂਜਾ ਬਿਨਸਿ ਬਿਨਾਸਾ ॥ ਵਿਚਿ ਆਸਾ ਹੋਇ ਨਿਰਾਸੀ ॥ ਸੋ ਜਨੁ ਮਿਲਿਆ ਹਰਿ ਪਾਸੀ ॥ ਕੋਈ ਰਾਮ ਨਾਮ ਗੁਨ ਗਾਵਨੋ ॥ ਜਨੁ ਨਾਨਕੁ ਤਿਸੁ ਪਗਿ ਲਾਵਨੋ ॥ ੨॥੧॥੭॥੪॥੬॥੭॥੧੭॥ {ਪੰਨਾ 800-801}

ਪੜਤਾਲ—{pthqwl [ pth—ਪਟਹ, ਢੋਲ} ਉਸ ਤਰ੍ਹਾਂ ਦਾ ਭਰਵਾਂ ਤਾਲ ਜਿਵੇਂ ਢੋਲ ਉਤੇ ਡਗੇ ਨਾਲ ਚੋਟ ਲਾਈਦੀ ਹੈ।

ਪਦਅਰਥ:- ਭਈਆ—ਹੇ ਭਾਈ! ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ, ਵਿਕਾਰੀ। ਪਾਵਨੋ—ਪਵਿੱਤਰ ਕਰਨ ਵਾਲਾ। ਤਾਰਨੋ—ਪਾਰ ਲੰਘਾਣ ਵਾਲਾ। ਭਰਿਪੁਰੇ—ਭਰਪੂਰ, ਨਕਾਨਕ, ਹਰ ਥਾਂ ਮੌਜੂਦ। ਜਲਿ—ਜਲ ਵਿਚ। ਥਲੇ—ਥਲਿ, ਥਲ ਵਿਚ। ਦੂਖ ਬਿਸਾਰਨੋ—ਦੁੱਖਾਂ ਦਾ ਦੂਰ ਕਰਨ ਵਾਲਾ।1। ਰਹਾਉ।

ਸਫਲ—ਕਾਮਯਾਬ। ਭੇਟਿਆ—ਮਿਲਿਆ। ਮੁਕਤਿ ਦਾਤਾ—(ਵਿਕਾਰਾਂ ਤੋਂ) ਆਜ਼ਾਦੀ ਦੇਣ ਵਾਲਾ। ਕੀਈ—ਕੀਤੀ ਹੈ। ਜਾਤਾ—ਜਾਤ੍ਰਾ, ਸੰਸਾਰ-ਜਾਤ੍ਰਾ, ਸੰਸਾਰ ਵਿਚ ਆਉਣਾ। ਮਿਲਿ—ਮਿਲ ਕੇ।1।

ਮਨ—ਹੇ ਮਨ! ਭਾਉ—ਪਿਆਰ। ਭਾਉ ਦੂਜਾ—ਮਾਇਆ ਦਾ ਮੋਹ। ਸੋ ਜਨੁ—ਉਹ ਮਨੁੱਖ। ਪਾਸੀ—ਪਾਸਿ, ਨੇੜੇ, ਨਾਲ। ਤਿਸੁ ਪਗਿ—ਉਸ (ਮਨੁੱਖ) ਦੇ ਪੈਰ ਵਿਚ।2।

ਅਰਥ:- ਹੇ ਭਾਈ! ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ, ਜੋ ਵਿਕਾਰੀਆਂ ਨੂੰ ਪਵਿੱਤਰ ਬਣਾਣ ਵਾਲਾ ਹੈ, ਜੋ ਆਪਣੇ ਸੰਤਾਂ ਨੂੰ ਆਪਣੇ ਭਗਤਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ ਹੈ, ਜੋ (ਸਾਰੇ ਜਗਤ ਵਿਚ) ਹਰ ਥਾਂ ਮੌਜੂਦ ਹੈ। ਹੇ ਭਾਈ! ਉਸ ਹਰੀ ਦੀ ਸਿਫ਼ਤਿ-ਸਾਲਾਹ ਦਾ ਗੀਤ ਸਦਾ ਗਾਣਾ ਚਾਹੀਦਾ ਹੈ, ਜੋ ਪਾਣੀ ਵਿਚ ਹੈ, ਜੋ ਧਰਤੀ ਵਿਚ ਹੈ, ਜੋ (ਜੀਵਾਂ ਦੇ) ਸਾਰੇ ਦੁੱਖ ਦੂਰ ਕਰਨ ਵਾਲਾ ਹੈ।1। ਰਹਾਉ।

(ਹੇ ਭਾਈ!) ਪਰਮਾਤਮਾ ਨੇ ਮੇਰੀ ਜ਼ਿੰਦਗੀ ਕਾਮਯਾਬ ਬਣਾ ਦਿੱਤੀ ਹੈ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਮੈਂ ਉਸ ਪਰਮਾਤਮਾ ਦਾ ਨਾਮ ਜਪਣ ਲੱਗ ਪਿਆ ਹਾਂ, ਜੋ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। (ਹੇ ਭਾਈ!) ਵਿਕਾਰਾਂ ਤੋਂ ਖ਼ਲਾਸੀ ਦਿਵਾਣ ਵਾਲਾ ਗੁਰੂ ਮੈਨੂੰ ਮਿਲ ਪਿਆ, (ਇਸ ਕਰਕੇ) ਪਰਮਾਤਮਾ ਨੇ ਮੇਰੀ ਜੀਵਨ-ਜਾਤ੍ਰਾ ਕਾਮਯਾਬ ਕਰ ਦਿੱਤੀ ਹੈ। (ਹੁਣ) ਮੈਂ ਸਾਧ ਸੰਗਤਿ ਵਿਚ ਮਿਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹਾਂ।1।

ਹੇ (ਮੇਰੇ) ਮਨ! ਪਰਮਾਤਮਾ ਦੇ ਨਾਮ ਉਤੇ ਹੀ ਡੋਰੀ ਰੱਖ, ਪਰਮਾਤਮਾ ਦਾ ਨਾਮ ਮਾਇਆ ਦੇ ਮੋਹ ਨੂੰ ਪੂਰਨ ਤੌਰ ਤੇ (ਅੰਦਰੋਂ) ਮੁਕਾ ਦੇਂਦਾ ਹੈ। (ਹੇ ਭਾਈ!) ਜੇਹੜਾ ਮਨੁੱਖ ਦੁਨੀਆ ਦੇ ਕੰਮ-ਕਾਰ ਵਿਚ ਰਹਿੰਦਾ ਹੋਇਆ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਮਿਲਿਆ ਰਹਿੰਦਾ ਹੈ। (ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ, ਦਾਸ ਨਾਨਕ ਉਸ ਦੇ ਪੈਰੀਂ ਲੱਗਦਾ ਹੈ।2।1।7।4।6।7। 17।